Punjab Government Gazette

Published by Authority

No. 35] CHANDIGARH, FRIDAY, AUGUST 29, 2025 (BHADRA 7, 1947 SAKA)

PART I

Punjab Government Notifications and Orders

ਪੰਜਾਬ ਸਰਕਾਰ

ਖੇਤੀਬਾੜੀ ਕਿਸਾਨ ਭਲਾਈ ਵਿਭਾਗ

(ਮੰਡੀ ਸ਼ਾਖਾ)

ਅਧਿਸੂਚਨਾ

ਮਿਤੀ 18 ਅਗਸਤ, 2025

ਨੰ:1/1/2023-ਮ-5/19786.- ਪੰਜਾਬ ਐਗਰੀਕਲਚਰਲ ਪ੍ਰੋਡਿਊਸ ਮਾਰਕਿਟਸ ਐਕਟ, 1961 ਅਤੇ ਇਸ ਸਬੰਧੀ ਸਮਰੱਥਾ ਦੇਣ ਵਾਲੇ ਹੋਰਨਾਂ ਸਾਰੇ ਅਖਤਿਆਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਜੀ ਪ੍ਰਸੰਨਤਾ ਪੂਰਵਕ ਸ਼੍ਰੀ ਜੋਗੀ ਰਾਮ ਪੁੱਤਰ ਸ਼੍ਰੀ ਕਰਤਾਰ ਸਿੰਘ ਵਾਸੀ ਪਿੰਡ ਭੁੱਲਣ, ਜਿਲਾ ਸੰਗਰੂਰ ਨੂੰ ਐਕਟ ਦੀ ਧਾਰਾ 12(2) (c)(ii) ਤਹਿਤ ਆੜ੍ਹਤੀ ਕੈਟਾਗਿਰੀ ਵਿਚ ਮਾਰਕੀਟ ਕਮੇਟੀ ਖਨੌਰੀ ਦਾ ਮੈਂਬਰ ਅਤੇ ਐਕਟ ਦੀ ਧਾਰਾ 16(1) ਤਹਿਤ ਚੇਅਰਮੈਨ ਨਾਮਜਦ ਕਰਦੇ ਹਨ।

2. ਉਪਰੋਕਤ ਮੈਂਬਰ ਤੋਂ ਇਲਾਵਾ ਬਾਕੀ ਰਹਿੰਦੇ ਮੈਂਬਰਾਂ ਦੀ ਨਿਯੁਕਤੀ ਨਾ ਹੋਣ ਕਾਰਨ ਨਵ ਨਿਯੁਕਤ ਚੇਅਰਮੈਂਨ ਕੋਲ ਕੋਰਮ ਪੂਰਾ ਨਾ ਹੋਣ ਕਾਰਨ ਮਾਰਕਿਟ ਕਮੇਟੀ ਦਾ ਕੰਮ ਕਾਜ ਚਲਾਉਣ ਦਾ ਕੋਈ ਅਧਿਕਾਰ ਨਹੀ ਰਹਿ ਜਾਂਦਾ ਹੈ। ਇਸ ਲਈ ਜਦੋ ਤੱਕ ਬਾਕੀ ਰਹਿੰਦੇ ਮੈਂਬਰਾਂ ਦੀ ਨਿਯੁਕਤੀ ਨਹੀ ਹੋ ਜਾਂਦੀ ਉਦੋਂ ਤੱਕ ਨਵ ਨਾਮਜਦ ਮੈਂਬਰ/ਚੇਅਰਮੈਨ ਧਾਰਾ 12(3) ਤਹਿਤ ਕੰਮ ਕਾਜ ਦੀ ਸ਼ਕਤੀ ਪ੍ਰਦਾਨ ਕੀਤੀ ਜਾਂਦੀ ਹੈ।

ਡਾ.ਬਸੰਤ ਗਰਗ

ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ।

3486/8-2025/Pb.Govt.Press, S.A.S. Nagar